## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 29-05-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਰਾਸ਼ਟਰਪਤੀ ਭਵਨ ਦੇ Cultural Centre ਵਿਚ ਸਾਹਿਤਕ ਸੰਮੇਲਨ ਦਾ ਉਦਘਾਟਨ ਕਰਨਗੇ। ਦੋ ਦਿਨਾਂ ਕਾਨਫਰੰਸ ਵਿਚ ਕਵੀ ਸੰਮੇਲਨ, ਭਾਰਤ ਦਾ ਨਾਰੀਵਾਦੀ ਸਾਹਿਤ, ਸਾਹਿਤ ਵਿਚ ਬਦਲਾਅ ਬਨਾਮ ਬਦਲਾਅ ਦਾ ਸਾਹਿਤ ਅਤੇ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਵਿਚ ਭਾਰਤੀ ਸਾਹਿਤ ਦੀਆਂ ਨਵੀਆਂ ਦਿਸ਼ਾਵਾਂ ਸਮੇਤ ਵੱਖ-ਵੱਖ ਸੈਸ਼ਨ ਹੋਣਗੇ। ਇਹ ਕਾਨਫਰੰਸ ਦੇਵੀ ਅਹਿੱਲਿਆਬਾਈ ਹੋਲਕਰ ਦੀ ਗਾਥਾ ਨਾਲ ਸਮਾਪਤ ਹੋਵੇਗੀ। ਰਾਸ਼ਟਰਪਤੀ ਭਵਨ, ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਇਸ ਦੋ ਦਿਨਾਂ ਕਾਨਫਰੰਸ ਦੀ ਮੇਜ਼ਬਾਨੀ ਕਰੇਗਾ। ਸੱਭਿਆਚਾਰ ਤੇ ਸੈਰ-ਸਪਾਟਾ ਮੰਤਰੀ, ਗਜੇਂਦਰ ਸਿੰਘ ਸ਼ੇਖਾਵਤ ਅਤੇ ਨਾਮਵਰ ਸਾਹਿਤਕ ਹਸਤੀਆਂ ਵੀ ਉਦਘਾਟਨ ਸਮਾਰੋਹ ਵਿਚ ਮੌਜੂਦ ਰਹਿਣਗੀਆਂ।

---

ਆਰਥਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਨੇ 2025-26 ਲਈ

ਸਾਉਣੀ ਰੁੱਤ ਦੀਆਂ 14 ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ MSP ਵਿਚ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਏ । ਕੱਲ੍ਹ ਨਵੀਂ ਦਿੱਲੀ ਵਿਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਸਰਕਾਰ ਨੇ 2025-26 ਲਈ ਸਾਉਣੀ ਰੁੱਤ ਦੀਆਂ ਫ਼ਸਲਾਂ ਦੇ MSP ਵਿਚ ਵਾਧਾ ਕੀਤਾ ਏ, ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਲਈ ਲਾਹੇਵੰਦ ਕੀਮਤਾਂ ਯਕੀਨੀ ਬਣਾਈਆਂ ਜਾ ਸਕਣ –**BYTE**

ਪਿਛਲੇ ਸਾਲ ਦੇ ਮੁਕਾਬਲੇ MSP ਵਿਚ ਸਭ ਤੋਂ ਵੱਧ ਮੁਕੰਮਲ ਵਾਧੇ ਦੀ ਸਿਫਾਰਸ਼ ਨਾਈਜਰ ਬੀਜ ਲਈ 820 ਰੁਪਏ ਪ੍ਰਤੀ ਕੁਇੰਟਲ, ਇਸ ਤੋਂ ਬਾਅਦ ਰਾਗੀ 596 ਰੁਪਏ ਪ੍ਰਤੀ ਕੁਇੰਟਲ, ਕਪਾਹ 589 ਰੁਪਏ ਪ੍ਰਤੀ ਕੁਇੰਟਲ ਅਤੇ ਤਿਲ 579 ਰੁਪਏ ਪ੍ਰਤੀ ਕੁਇੰਟਲ ਕੀਤੀ ਗਈ ਏ । ਕੈਬਨਿਟ ਨੇ 2025-26 ਲਈ ਸੋਧੀ ਹੋਈ ਵਿਆਜ ਸਹਾਇਤਾ ਯੋਜਨਾ, M.I.S.S. ਤਹਿਤ ਵਿਆਜ ਸਹਾਇਤਾ ਹਿੱਸੇ ਨੂੰ ਜਾਰੀ ਰੱਖਣ ਨੂੰ ਮਨਜ਼ੂਰੀ ਦੇ ਦਿੱਤੀ ਏ ਅਤੇ ਲੋੜੀਂਦੇ ਫੰਡ ਪ੍ਰਬੰਧਾਂ ਨੂੰ ਵੀ ਮਨਜ਼ੂਰ ਕੀਤਾ ਏ । MISS ਕੇਂਦਰ ਸਰਕਾਰ ਦੀ ਯੋਜਨਾ ਏ ਜਿਸ ਦਾ ਮਕਸਦ ਕਿਸਾਨ ਕ੍ਰੈਡਿਟ ਕਾਰਡ ਰਾਹੀਂ ਕਿਸਾਨਾਂ ਨੂੰ ਕਿਫਾਇਤੀ ਵਿਆਜ ਦਰ 'ਤੇ ਥੋੜ੍ਹੇ ਸਮੇਂ ਦਾ ਕਰਜਾ ਮੁਹੱਈਆ ਕਰਵਾਉਣਾ ਯਕੀਨੀ ਬਣਾਉਣਾ ਏ ।

---

ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਦਾ ਅੰਤਿਮ ਸੰਸਕਾਰ ਕੱਲ੍ਹ ਦੁਪਹਿਰ 1.00 ਵਜੇ ਸੰਗਰੂਰ ਜ਼ਿਲ੍ਹੇ ਵਿਚ ਉਨ੍ਹਾਂ ਦੇ ਜੱਦੀ ਪਿੰਡ ਉਭਾਵਾਲ ਵਿਖੇ ਕੀਤਾ ਜਾਵੇਗਾ। ਸ਼੍ਰੀ ਢੀਂਡਸਾ, ਜਿਨ੍ਹਾਂ ਦਾ ਕੱਲ੍ਹ 89 ਸਾਲ ਦੀ ਉਮਰ ਵਿਚ ਦੇਹਾਂਤ ਹੋ ਗਿਆ ਸੀ, ਉਹ ਸੰਗਰੂਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਲੋਕ ਸਭਾ ਮੈਂਬਰ ਰਹੇ ਅਤੇ ਅਟਲ ਬਿਹਾਰੀ ਵਾਜਪਾਈ ਸਰਕਾਰ ਵਿਚ ਖੇਡ, ਰਸਾਇਣ ਤੇ ਖਾਦਾਂ ਸਬੰਧੀ ਕੇਂਦਰੀ ਮੰਤਰੀ ਵੀ ਰਹੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼੍ਰੀ ਢੀਂਡਸਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਕਿਹਾ ਕਿ ਸ਼੍ਰੀ ਢੀਂਡਸਾ ਦਾ ਦੇਹਾਂਤ ਦੇਸ਼ ਲਈ ਵੱਡਾ ਘਾਟਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ ਮਹਾਨ ਸਿਆਸਤਦਾਨ ਸਨ, ਜਿਨ੍ਹਾਂ ਕੋਲ ਕਮਾਲ ਦੀ ਸਿਆਣਪ ਅਤੇ ਜਨਤਕ ਸੇਵਾ ਪ੍ਰਤੀ ਅਟੁੱਟ ਵਚਨਬੱਧਤਾ ਸੀ। ਉਨ੍ਹਾਂ ਅੱਗੇ ਕਿਹਾ ਕਿ ਸਵਰਗਵਾਸੀ ਨੇਤਾ ਦਾ ਹਮੇਸ਼ਾ ਪੰਜਾਬ ਦੇ ਲੋਕਾਂ ਤੇ ਸੱਭਿਆਚਾਰ ਨਾਲ ਜ਼ਮੀਨੀ ਪੱਧਰ 'ਤੇ ਸਬੰਧ ਰਿਹਾ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸ਼੍ਰੀ ਢੀਂਡਸਾ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਏ।

---

ਸਰਹੱਦੀ ਸੂਬੇ ਪੰਜਾਬ ਵਿਚ 3 ਜੂਨ ਨੂੰ ਇਕ ਸਿਵਲ ਡਿਫੈਂਸ ਮੌਕ ਡ੍ਰਿਲ ਕੀਤੀ ਜਾਵੇਗੀ। ਇਸ ਡ੍ਰਿਲ ਦੌਰਾਨ ਅਧਿਕਾਰੀ ਹੰਗਾਮੀ ਸਥਿਤੀਆਂ ਨਾਲ ਨਜਿੱਠਣ ਲਈ ਲੋੜੀਂਦੀ ਸਿਖਲਾਈ ਪ੍ਰਦਾਨ ਕਰਨਗੇ। ਵੱਖ-ਵੱਖ ਧਾਰਮਿਕ ਸੰਗਠਨਾਂ, ਸਰਕਾਰੀ ਵਿਭਾਗਾਂ, NCC ਅਤੇ NSS ਦੇ ਵਲੰਟੀਅਰ ਇਸ ਅਭਿਆਸ ਵਿਚ ਹਿੱਸਾ ਲੈਣਗੇ।

---------------------------------------------------------------------

ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਪੰਜਾਬ ਪੁਲਿਸ ਹੈੱਡਕੁਆਰਟਰ (ਪੀ.ਪੀ.ਐਚ.ਕਿਊ.) ਵਿਚ ਅਪਗ੍ਰੇਡ ਕੀਤੇ ਨਵੇਂ ਕਰੈਚ ਦਾ ਉਦਘਾਟਨ ਕੀਤਾ । ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਹੈੱਡਕੁਆਰਟਰ ਵਿਚ ਸਥਿਤ ਇਸ ਕਰੈਚ ਵਿਚ ਹੁਣ 6 ਮਹੀਨਿਆਂ ਤੋਂ 10 ਸਾਲ ਦੀ ਉਮਰ ਦੇ 40 ਬੱਚਿਆਂ ਦੀ ਸੰਭਾਲ ਕੀਤੀ ਜਾ ਸਕੇਗੀ। ਇਸ ਬਾਰੇ ਸਪੈਸ਼ਲ ਡੀਜੀਪੀ ਈਸ਼ਵਰ ਸਿੰਘ ਨੇ ਕਿਹਾ ਏ ਕਿ ਇਸ ਵੇਲੇ ਪੀ.ਪੀ.ਐਚ.ਕਿਊ. ਅਤੇ ਮਿੰਨੀ ਸਕੱਤਰੇਤ ਪੰਜਾਬ ਵਿਚ ਤਾਇਨਾਤ ਪੁਲਿਸ ਮੁਲਾਜ਼ਮਾਂ ਦੇ 35 ਬੱਚਿਆਂ ਦੀ ਸੰਭਾਲ ਕਰੈਚ ਵਿਚ ਕੀਤੀ ਜਾ ਰਹੀ ਏ।

---------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਕੱਲ੍ਹ ਹੁਸ਼ਿਆਰਪੁਰ ਜ਼ਿਲ੍ਹੇ ਦੇ ਥਾਣਾ, ਹਰਿਆਣਾ ਵਿਚ ਤਾਇਨਾਤ ਸਹਾਇਕ ਸਬ-ਇੰਸਪੈਕਟਰ

ਕੁਲਦੀਪ ਸਿੰਘ ਨੂੰ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਮੁਤਾਬਕ ਇਹ ਗ੍ਰਿਫ਼ਤਾਰੀ ਰੋਬਿਨ ਕੁਮਾਰ ਵਾਸੀ ਪਿੰਡ ਘਗਿਆਲ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਉੱਤੇ ਕੀਤੀ ਗਈ ਏ। ਜਾਂਚ ਮੁਤਾਬਕ ਏ.ਐਸ.ਆਈ. ਕੁਲਦੀਪ ਸਿੰਘ ਨੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਤੇ ਉਹ ਦੋ ਵਾਰ ਰਿਸ਼ਵਤ ਲੈ ਚੁੱਕਾ ਸੀ। ਵਿਜੀਲੈਂਸ ਟੀਮ ਨੇ ਮੁਲਜ਼ਮ ਏ.ਐਸ.ਆਈ. ਕੁਲਦੀਪ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਏ। ਇਸੇ ਤਰ੍ਹਾਂ ਪੰਜਾਬ ਵਿਜੀਲੈਂਸ ਬਿਊਰੋ ਨੇ ਕੱਲ੍ਹ ਨਗਰ ਕੌਂਸਲ, ਗੁਰਦਾਸਪੁਰ ਵਿਚ ਤਾਇਨਾਤ ਸਹਾਇਕ ਟਾਊਨ ਪਲੈਨਰ ਚਰਨਜੀਤ ਸਿੰਘ ਨੂੰ ਇਕ ਆਰਕੀਟੈਕਟ ਤੋਂ ਪ੍ਰਾਜੈਕਟ ਦੀ ਫਾਈਲ ਨੂੰ ਆਖ਼ਰੀ ਪ੍ਰਵਾਨਗੀ ਦੇਣ ਲਈ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਏ।